# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 23-04-2025**

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ, ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਮੱਦੇਨਜ਼ਰ, ਬੈਸਰਨ ਜੰਗਲਾਤ ਇਲਾਕੇ 'ਚ ਸੁਰੱਖਿਆ ਸਥਿਤੀ ਦਾ ਜਾਇਜ਼ਾ ਲਿਆ. ਓਹਨਾਂ ਕਿਹੈ ਕਿ ਭਾਰਤ, ਦਹਿਸ਼ਤਗਰਦੀ ਅੱਗੇ ਨਹੀਂ ਝੁਕੇਗਾ ਤੇ ਇਸ ਘਿਨਾਉਣੇ ਹਮਲੇ ਦੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਅੱਜ ਤਿੰਨੋਂ ਫੌਜਾਂ ਦੇ ਉੱਚ ਅਧਿਕਾਰੀਆਂ ਨਾਲ ਕਸ਼ਮੀਰ ਵਾਦੀ ਵਿੱਚ ਸੁਰੱਖਿਆ ਸਥਿਤੀ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹੈ ਕਿ ਸਰਕਾਰ ਇਸ ਹਮਲੇ ਦੇ ਜ਼ਿੰਮੇਵਾਰ ਲੋਕਾਂ ਨੂੰ ਢੁਕਵਾਂ ਜਵਾਬ ਦੇਣ ਵਿੱਚ ਕੋਈ ਕਸਰ ਨਹੀਂ ਛੱਡੇਗੀ.
- ਪੰਜਾਬ ਦੇ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਨੇ ਇਸ ਹਮਲੇ ਦੀ ਨਿਖੇਧੀ ਕੀਤੀ ਏ, ਤੇ ਕਿਹਾ ਏ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਬਣਾਈ ਰੱਖਣਾ ਉਨ੍ਹਾਂ ਦੀ ਪਹਿਲੀ ਤਰਜੀਹ ਏ ।
- ਪਹਲਗਾਮ ਹਮਲੇ ਦੇ ਬਾਅਦ ਪੰਜਾਬ ਪੁਲਿਸ ਚੌਕਸੀ 'ਤੇ ਏ।

- ਸੂਬੇ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ ਬੱਚਿਆਂ ਨੂੰ, ਨਸ਼ਿਆਂ ਵਿਰੁੱਧ ਲਾਮਬੰਦ ਹੋਕੇ, ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਅੱਗੇ ਆਉਣ ਦਾ ਸੱਦਾ ਦਿੱਤਾ ਏ।

---------------------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਦੱਖਣੀ ਕਸ਼ਮੀਰ'ਚ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਵਿਖੇ ਹੋਏ ਦਹਿਸ਼ਤ- ਗਰਦ ਹਮਲੇ ਵਿੱਚ ਆਪਣੇ ਅਜ਼ੀਜ਼ਾਂ ਨੂੰ ਗੁਆਉਣ ਵਾਲਿਆਂ ਦਾ ਦਰਦ ਹਰ ਭਾਰਤੀ ਮਹਿਸੂਸ ਕਰ ਰਿਹਾ ਏ। ਸ਼੍ਰੀ ਸ਼ਾਹ ਨੇ ਇਨ੍ਹਾਂ ਸਾਰੇ ਪਰਿਵਾਰਾਂ ਅਤੇ ਪੂਰੇ ਦੇਸ਼ ਨੂੰ ਭਰੋਸਾ ਦਿੱਤਾ ਕਿ ਮਾਸੂਮ ਲੋਕਾਂ ਨੂੰ ਮਾਰਨ ਵਾਲੇ ਇਨ੍ਹਾਂ ਦਹਿਸ਼ਤਗਰਦਾਂ ਨੂੰ ਬਿਲਕੁਲ ਵੀ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨੇ ਸ਼੍ਰੀਨਗਰ ਦੇ ਪੁਲਿਸ ਕੰਟਰੋਲ ਰੂਮ ਵਿਖੇ ਮ੍ਰਿਤਕਾਂ ਦੀਆਂ ਦੇਹਾਂ 'ਤੇ ਫੁੱਲਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ। ਗ੍ਰਹਿ ਮੰਤਰੀ ਨੇ ਕਿਹਾ ਕਿ ਓਹਨਾਂ ਨੇ ਭਾਰੀ ਮਨ ਨਾਲ, ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਮ੍ਰਿਤਕਾਂ ਨੂੰ ਅੰਤਿਮ ਸ਼ਰਧਾਂਜਲੀ ਦਿੱਤੀ ਏ । ਓਹਨਾਂ ਕਿਹਾ ਕਿ ਭਾਰਤ ਦਹਿਸ਼ਤਗਰਦੀ ਅੱਗੇ ਨਹੀਂ ਝੁਕੇਗਾ ਤੇ ਇਸ ਘਿਨਾਉਣੇ ਹਮਲੇ ਦੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਗ੍ਰਹਿ ਮੰਤਰੀ ਨੇ ਇਸ ਦੌਰਾਨ ਬੈਸਰਨ ਜੰਗਲਾਤ ਇਲਾਕੇ ਵਿੱਚ ਹਮਲੇ ਵਾਲੀ ਥਾਂ 'ਤੇ ਸਥਿਤੀ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਨੇ ਸਰਕਾਰੀ ਮੈਡੀਕਲ ਕਾਲਜ ਅਨੰਤਨਾਗ

ਹਸਪਤਾਲ ਵਿੱਚ ਜ਼ਖਮੀਆਂ ਦਾ ਹਾਲ ਚਾਲ ਵੀ ਪੁਛਿਆ। ਅਧਿਕਾਰਤ ਹਲਕਿਆਂ ਮੁਤਾਬਿਕ, ਕੱਲ੍ਹ ਦੇ ਪਹਿਲਗਾਮ ਹਮਲੇ ਵਿੱਚ ਦੋ ਸਥਾਨਕ ਲੋਕਾਂ ਸਮੇਤ 26 ਸੈਲਾਨੀ ਮਾਰੇ ਗਏ ਸਨ। ਪੁਲਿਸ ਅਤੇ ਖੁਫੀਆ ਏਜੰਸੀਆਂ ਨੇ ਤਿੰਨ ਹਮਲਾਵਰਾਂ ਦੇ ਸਕੈਚ ਜਾਰੀ ਕੀਤੇ ਨੇ. ਪਹਿਲਾਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਇਸ ਦਹਿਸ਼ਤਗਰਦ ਹਮਲੇ ਦੇ ਮੱਦੇਨਜ਼ਰ ਸਾਊਦੀ ਅਰਬ ਦਾ ਆਪਣਾ ਦੌਰਾ ਵਿਚੇ ਛੱਡ ਕੇ ਅੱਜ ਸਵੇਰੇ ਨਵੀਂ ਦਿੱਲੀ ਪਰਤੇ ਅਤੇ ਓਹਨਾਂ ਨੇ ਹਵਾਈ ਅੱਡੇ 'ਤੇ ਹੀ ਸੰਖੇਪ ਬੈਠਕ ਕੀਤੀ ਸੀ. ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਅੱਜ ਤਿੰਨੋਂ ਫੌਜਾਂ ਦੇ ਉੱਚ ਅਧਿਕਾਰੀਆਂ ਨਾਲ ਕਸ਼ਮੀਰ ਵਾਦੀ ਵਿੱਚ ਸੁਰੱਖਿਆ ਸਥਿਤੀ ਦੀ ਸਮੀਖਿਆ ਕੀਤੀ। ਉੱਚ ਅਧਿਕਾਰੀਆਂ ਨੂੰ ਪ੍ਰਭਾਵਿਤ ਇਲਾਕਿਆਂ ਵਿੱਚ ਭੇਜਿਆ ਗਿਆ ਏ ਅਤੇ ਸਥਾਨਕ ਟੁਕੜੀਆਂ ਨੂੰ ਚੌਕਸ ਰਹਿਣ ਅਤੇ ਦਹਿਸ਼ਤਗਰਦੀ ਵਿਰੋਧੀ ਕਾਰਵਾਈਆਂ ਨੂੰ ਹੋਰ ਤੇਜ਼ ਕਰਨ ਲਈ ਕਿਹਾ ਗਿਆ ਏ।

---------------------------------------------------------------------------

ਬਾਅਦ ਵਿਚ ਭਾਰਤੀ ਹਵਾਈ ਫੌਜ ਵੱਲੋ, ਭਾਰਤੀ ਹਵਾਈ ਫੌਜ ਦੇ ਮਾਰਸ਼ਲ- ਅਰਜਨ ਸਿੰਘ 'ਤੇ ਕਰਾਏ ਗਏ ਇੱਕ ਯਾਦਗਾਰੀ ਭਾਸ਼ਣ ਨੂੰ ਸੰਬੋਧਨ ਕਰਦਿਆਂ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਦਹਿਸ਼ਤਗਰਦੀ ਵਿਰੁੱਧ ਭਾਰਤ ਦੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਨੂੰ

ਦੁਹਰਾਇਆ। ਉਨ੍ਹਾਂ ਕਿਹਾ ਕਿ ਸਰਕਾਰ ਪਹਿਲਗਾਮ ਹਮਲੇ ਦੇ ਜ਼ਿੰਮੇਵਾਰ ਲੋਕਾਂ ਨੂੰ ਢੁਕਵਾਂ ਜਵਾਬ ਦੇਣ ਵਿੱਚ ਕੋਈ ਕਸਰ ਨਹੀਂ ਛੱਡੇਗੀ-**BYTE** ਰੱਖਿਆ ਮੰਤਰੀ ਨੇ ਕਿਹਾ ਕਿ ਇਸ ਹਮਲੇ ਦਾ ਮੁਕਾਬਲਾ ਕਰਨ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾਣਗੇ।

---------------------------------------------------------------------------------

ਇਸ ਕਾਇਰਾਨਾ ਹਰਕਤ ਨਾਲ ਪੂਰੇ ਦੇਸ਼ 'ਚ ਰੋਸ ਦੀ ਲਹਿਰ ਏ. ਪਹਿਲਗਾਮ ਵਿੱਚ ਸੈਲਾਨੀਆਂ ਦੇ ਕਤਲ ਦੇ ਵਿਰੋਧ ਵਿੱਚ ਕਸ਼ਮੀਰ ਵਾਦੀ ਵਿਚ ਦਿਨ ਭਰ ਦਾ ਮੁਕੰਮਲ ਬੰਦ ਰੱਖ ਰਖਿਆ ਗਿਆ.

---------------------------------------------------------------------------------

ਜੰਮੂ – ਕਸ਼ਮੀਰ 'ਚ ਸੈਲਾਨੀਆਂ 'ਤੇ ਹੋਏ ਦਹਿਸ਼ਤਗਰਦ ਹਮਲੇ ਨੂੰ ਭਾਰਤੀ ਜਨਤਾ ਪਾਰਟੀ ਨੇ ਮਾਨਵਤਾ 'ਤੇ ਕਲੰਕ ਅਤੇ ਕਸ਼ਮੀਰ ਦੀ ਤਰੱਕੀ 'ਤੇ ਹਮਲਾ ਕਰਾਰ ਦਿੱਤਾ ਏ. ਪੰਜਾਬ ਭਾਜਪਾ ਪ੍ਰਭਾਰੀ ਅਤੇ ਗੁਜਰਾਤ ਦੇ ਸਾਬਕਾ ਮੁਖ ਮੰਤਰੀ ਵਿਜੈ ਰੁਪਾਣੀ ਨੇ ਸਪਸ਼ਟ ਸ਼ਬਦਾਂ 'ਚ ਕਿਹਾ ਕਿ ਦੋਸ਼ੀਆਂ ਨੂੰ ਅਜਿਹਾ ਸਬਕ ਸਿਖਾਇਆ ਜਾਏਗਾ ਕਿ ਕੋਈ ਵੀ ਭਾਰਤ ਵਲ ਅਖ ਚੁੱਕ ਕੇ ਦੇਖਣ ਤੋਂ ਪਹਿਲਾਂ 100 ਵਾਰ ਸੋਚੇ. ਓਹਨਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ, ਪਾਕਿਸਤਾਨ ਨਾਲ ਲਗਦੀ ਲੰਮੀ ਸਰਹੱਦ ਦੇ ਮੱਦੇਨਜ਼ਰ, ਰਾਜ ਨੂੰ ਹਾਈ ਅਲਰਟ 'ਤੇ ਰਖਿਆ ਜਾਵੇ. ਇਸ ਘਟਨਾ ਦੇ ਵਿਰੋਧ 'ਚ ਚੰਡੀਗੜ੍ਹ ਸਥਿਤ ਭਾਜਪਾ ਦਫਤਰ

ਤੋਂ ਰੋਸ march ਕਢਿਆ ਗਿਆ ਤੇ ਭਾਜਪਾ ਕਾਰਜਕਰਤਾਵਾਂ ਅਤੇ ਨੇਤਾਵਾਂ ਨੇ ਪਾਕਿਸਤਾਨ ਦਾ ਪੁਤਲਾ ਵੀ ਫੂੰਕਿਆ.

---------------------------------------------------------------------------

ਇਸ ਦਹਿਸ਼ਤਗਰਦ ਹਮਲੇ ਦੀ ਮੰਦਭਾਗੀ ਘਟਨਾ ਦੀ ਨਿਖੇਧੀ ਕਰਦਿਆਂ, ਪੰਜਾਬ ਦੇ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਪੰਜਾਬ ਪੂਰੀ ਤਰ੍ਹਾਂ ਚੌਕਸ ਏ ਅਤੇ ਸੂਬੇ ਵਿੱਚ ਕਾਨੂੰਨ-ਵਿਵਸਥਾ ਬਣਾਈ ਰੱਖਣਾ ਉਨ੍ਹਾਂ ਦੀ ਪਹਿਲੀ ਤਰਜੀਹ ਏ। ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ, ਉੱਚ ਪੱਧਰੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਮੁੱਖ- ਮੰਤਰੀ ਨੇ ਕਿਹਾ ਕਿ ਬੇਕਸੂਰ ਸੈਲਾਨੀਆਂ 'ਤੇ ਇਹ ਦਹਿਸ਼ਤਗਰਦ ਹਮਲਾ, ਇੱਕ ਜ਼ਾਲਮਾਨਾ ਅਤੇ ਅਮਾਨਵੀ ਕਾਰਵਾਈ ਏ। ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਏ ਕਿ ਦਹਿਸ਼ਤਗਰਦੀ ਦਾ ਕੋਈ ਧਰਮ ਨਹੀਂ ਹੁੰਦਾ ਅਤੇ ਇਸਦਾ ਇੱਕੋ-ਇੱਕ ਉਦੇਸ਼ ਲੋਕਾਂ ਵਿੱਚ ਦਹਿਸ਼ਤ ਫੈਲਾਉਣਾ ਏ।

---------------------------------------------------------------------------

ਓਧਰ ਇਸ ਹਮਲੇ ਦੇ ਬਾਅਦ ਪੰਜਾਬ ਪੁਲਿਸ ਵੀ ਚੌਕਸੀ ‘ਤੇ ਏ ਜਿਸ ਤਹਿਤ ਪੰਜਾਬ – ਜੰਮੂ ਬਾਰਡਰ ‘ਤੇ ਪਠਾਨਕੋਟ ਪੁਲਿਸ ਵੱਲੋਂ ਸੁਰਖਿਆ ਵਧਾ ਦਿੱਤੀ ਗਈ ਏ. ਬੀਤੀ ਰਾਤ ਤੋਂ ਹੀ ਭਾਰਤ – ਪਾਕਿਸਤਾਨ

ਸਰਹੱਦ ਨਾਲ ਲਗਦੇ ਬ੍ਮਿਯਾਲ ਸੈਕਟਰ, ਜਿਸ ਨਾਲ ਜੰਮੂ ਦੇ ਕਈ ਅੰਦਰੂਨੀ ਰਸਤੇ ਵੀ ਲਗਤੇ ਨੇ, ਇਥੇ ਗਸ਼ਤ ਵਧਾ ਦਿੱਤੀ ਗਈ ਏ. ਜੰਮੂ – ਕਸ਼ਮੀਰ ਤੋਂ ਪੰਜਾਬ 'ਚ ਦਾਖਿਲ ਹੋਣ ਵਾਲੀਆਂ ਸਾਰੀਆਂ ਗੱਡੀਆਂ ਦੀ ਜਾਂਚ ਕੀਤੀ ਜਾ ਰਹੀ ਏ. ਥਾਂ – ਥਾਂ 'ਤੇ ਪੁਲਿਸ ਨਾਕੇ ਲਾ ਕੇ ਹੋਰ ਰਾਜਾਂ ਤੋਂ ਆਉਣ ਵਾਲੀਆਂ ਗੱਡੀਆਂ ਦੀ ਵੀ ਜਾਂਚ ਕੀਤੀ ਜਾ ਰਹੀ ਏ ਤਾਂ ਜੋ ਕੋਈ ਸ਼ਰਾਰਤੀ ਅਨਸਰ ਕਿਸੇ ਵਾਰਦਾਤ ਨੂੰ ਅੰਜਾਮ ਨਾ ਦੇ ਸਕੇ. ਇਸ ਬਾਰੇ ਜਾਣਕਾਰੀ ਦਿੰਦਿਆਂ SSP, ਪਠਾਨਕੋਟ ਦਲਜਿੰਦਰ ਢਿੱਲੋਂ ਨੇ ਦਸਿਆ ਕਿ ਇਸ ਹਮਲੇ ਦੇ ਮੱਦੇਨਜ਼ਰ, ਪਠਾਨਕੋਟ ਪੁਲਿਸ ਅਲਰਟ 'ਤੇ ਏ ਅਤੇ ਜੰਮੂ ਕਸ਼ਮੀਰ ਤੋਂ ਪੰਜਾਬ 'ਚ ਦਾਖਿਲ ਹੋਣ ਵਾਲੇ ਸਾਰੇ ਰਸਤਿਆਂ 'ਤੇ ਸੁਰਖਿਆ ਵਧਾ ਦਿੱਤੀ ਗਈ ਏ –**BYTE** –

---------------------------------------------------------------------------

ਪਠਾਨਕੋਟ 'ਚ ਵਪਾਰੀਆਂ ਨੇ ਇਸ ਹਮਲੇ ਦੇ ਵਿਰੋਧ 'ਚ ਭਲਕੇ 24 ਅਪ੍ਰੈਲ ਨੂੰ ਦੁਪਹਿਰ ਬਾਅਦ 1 ਵਜੇ ਤਕ ਬਾਜ਼ਾਰ ਬੰਦ ਰਖਣ ਦਾ ਫੈਸਲਾ ਕੀਤਾ ਏ.

---------------------------------------------------------------------------

ਕਸ਼ਮੀਰ 'ਚ ਦਹਿਸ਼ਤ ਹਮਲੇ ਖਿਲਾਫ ਅੱਜ LUHDIANAN ਦੀ ਇਤਿਹਾਸਿਕ ਜਾਮਾ ਮਸਜਿਦ ਦੇ ਬਾਹਰ ਦਹਿਸ਼ਤਗਰਦੀ ਦਾ ਪੁਤਲਾ

ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਇਸ ਅੱਤਵਾਦੀ ਹਮਲੇ 'ਚ ਮਾਰੇ ਗਏ ਲੋਕਾਂ ਦੇ ਨਾਲ ਹਮਦਰਦੀ ਪ੍ਰਗਟਾਈ ਗਈ. ਲੁਧਿਆਣਾ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ, ਪਹਿਲਗਾਮ ਦਹਿਸ਼ਤ ਗਰਦ ਹਮਲੇ ਦੀ ਸਖਤ ਸ਼ਬਦਾਂ ਚ ਨਿਖੇਦੀ ਕਰਦਿਆਂ ਇਸ ਨੂੰ ਇਨਸਾਨੀਅਤ ਲਈ ਸ਼ਰਮਨਾਕ ਦੱਸਿਆ ਏ- **BYTE** -ਉਹਨਾਂ ਇਹ ਵੀ ਕਿਹਾ ਕਿ ਆਪਣੇ ਆਪ ਨੂੰ ਮੁਸਲਮਾਨ ਕਹਿਣ ਵਾਲੇ ਦਹਿਸ਼ਤਗਰਦ, ਕਿਸੇ ਕੀਮਤ ਤੇ ਇਸਲਾਮ ਦੇ ਪੈਰੋਕਾਰ ਨਹੀਂ ਹੋ ਸਕਦੇ. ਸ਼ਾਹੀ ਇਮਾਮ ਨੇ ਸਾਰਿਆਂ ਨੂੰ ਇਕਜੁੱਟਤਾ ਬਣਾਈ ਰਖਣ ਦੀ ਅਪੀਲ ਕੀਤੀ

--------------------------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਅਨਾਜ ਮੰਡੀ ਸੰਗਰੂਰ ਦਾ ਦੌਰਾ ਕੀਤਾ ਅਤੇ ਇੰਤਜ਼ਾਮਾਂ ਦਾ ਜਾਇਜ਼ਾ ਲਿਆ. ਓਹਨਾਂ ਕਿਹਾ ਕਿ, ਹੁਣ ਤੱਕ ਪੰਜਾਬ ਦੀਆਂ ਅਨਾਜ ਮੰਡੀਆਂ ਵਿੱਚ ਲਗਭਗ 60 ਲੱਖ ਮੀਟਰਕ ਟਨ ਕਣਕ ਦੀ ਆਮਦ ਹੋ ਚੁੱਕੀ ਏ ਜਿਸ ਵਿੱਚੋਂ 54 ਲੱਖ

ਮੀਟਰਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਏ । ਉਨ੍ਹਾਂ ਦੱਸਿਆ ਕਿ ਖਰੀਦੀ ਗਈ 54 ਲੱਖ ਮੀਟਰਕ ਟਨ ਕਣਕ ਦੀ ਅਦਾਇਗੀ ਵਜੋਂ ਲਗਭਗ 8 ਹਜ਼ਾਰ ਕਰੋੜ ਰੁਪਏ, ਕਿਸਾਨਾਂ ਦੇ ਖਾਤਿਆਂ ਵਿੱਚ ਪਾ ਦਿੱਤੇ ਗਏ ਨੇ ਜਿਸ ਨਾਲ ਕਿਸਾਨ ਵੱਡੀ ਰਾਹਤ ਮਹਿਸੂਸ ਕਰ ਰਹੇ ਨੇ.

------------------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ ਬੱਚਿਆਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਹੋਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਅੱਗੇ ਆਉਣ ਦਾ ਸੱਦਾ ਦਿੱਤਾ ਏ ਅਤੇ ਕਿਹਾ ਏ ਕਿ ਅਜਿਹੇ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਤੇ ਰਾਜ ਪੱਧਰ 'ਤੇ ਸਨਮਾਨਤ ਵੀ ਕੀਤਾ ਜਾਵੇਗਾ। ਉਨ੍ਹਾਂ ਨੇ ਅੱਜ ਸਵੇਰੇ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੋਲੋ ਗਰਾਊਂਡ ਤੋਂ ਕਰਵਾਈ ਗਈ 'ਯੁੱਧ ਨਸ਼ਿਆਂ ਵਿਰੁੱਧ' ਮੈਰਾਥਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਸਿਹਤ ਮੰਤਰੀ ਨੇ ਬੱਚਿਆਂ ਨੂੰ ਸਾਡੇ ਹੀਰੋ ਦੱਸਦਿਆਂ ਪ੍ਰੇਰਿਤ ਕੀਤਾ ਕਿ , ਉਹ ਆਪ ਵੀ ਨਸ਼ਿਆਂ ਤੋਂ ਬਚਣ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ। **BYTE** ਇਸ ਮੈਰਾਥਨ ਵਿਚ ਸਕੂਲਾਂ, ਕਾਲਜਾਂ ਤੇ ਹੋਰ ਸੰਸਥਾਵਾਂ ਦੇ 10 ਹਜ਼ਾਰ ਤੋਂ ਵੀ ਵਧੇਰੇ ਵਿਦਿਆਰਥੀਆਂ, ਅਧਿਆਪਕਾਂ, ਸਮਾਜ ਸੇਵੀਆਂ ਤੇ ਆਮ ਲੋਕਾਂ ਨੇ

ਹਿੱਸਾ ਲਿਆ. ਓਹਨਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਵਲੋਂ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ, ਇੱਕ ਸਿਹਤਮੰਦ ਤੇ ਨਸ਼ਾ ਮੁਕਤ ਪੰਜਾਬ ਦੇਣ ਤੇ ਪੰਜਾਬ ਨੂੰ ਖੇਡਾਂ ਦੀ ਧਰਤੀ ਬਣਾਉਣ ਲਈ ਖੇਡਾਂ ਵਤਨ ਪੰਜਾਬ ਦੀਆਂ ਸ਼ੁਰੂ ਕੀਤੀਆਂ ਗਈਆਂ ਨੇ ਤੇ ਨਾਲ ਹੀ ਹਰੇਕ ਪਿੰਡ 'ਚ ਖੇਡ ਦੇ ਮੈਦਾਨ ਤੇ ਲਾਇਬ੍ਰੇਰੀਆਂ ਬਣਾਈਆਂ ਜਾ ਰਹੀਆਂ ਨੇ.

-----------------------------------------------------------------------

ਏਅਰ ਫੋਰਸ ਸਪੋਰਟਸ ਕੰਟਰੋਲ ਬੋਰਡ ਨੇ, ਮਾਰਸ਼ਲ ਆਫ਼ ਦ ਏਅਰ ਫੋਰਸ- ਅਰਜਨ ਸਿੰਘ ਮੈਮੋਰੀਅਲ ਹਾਕੀ ਟੂਰਨਾਮੈਂਟ-2025 ਦੇ 6ਵੇਂ ਐਡੀਸ਼ਨ ਦਾ ਐਲਾਨ ਕੀਤਾ ਏ, ਜੋ ਕਿ 29 ਅਪ੍ਰੈਲ ਤੋਂ 6 ਮਈ, 2025 ਤੱਕ ਰਘਬੀਰ ਸਿੰਘ ਭੋਲਾ ਹਾਕੀ ਸਟੇਡੀਅਮ, 3 BRD, AIR FORCE STATION ਚੰਡੀਗੜ੍ਹ ਵਿਖੇ ਹੋਵੇਗਾ। ਇਹ ਵੱਕਾਰੀ ਟੂਰਨਾਮੈਂਟ, ਮਹਾਨ ਏਅਰ ਫੋਰਸ ਮਾਰਸ਼ਲ ਅਰਜਨ ਸਿੰਘ ਦੀ 106ਵੀਂ ਜਨਮ ਵਰ੍ਹੇਗੰਢ ਮਨਾਉਣ ਲਈ ਕਰਾਇਆ ਜਾ ਰਿਹਾ ਏ.

-----------------------------------------------------------------------

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ, ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਮੱਦੇਨਜ਼ਰ, ਬੈਸਰਨ ਜੰਗਲਾਤ ਇਲਾਕੇ ‘ਚ ਸੁਰੱਖਿਆ ਸਥਿਤੀ ਦਾ ਜਾਇਜ਼ਾ ਲਿਆ. ਓਹਨਾਂ ਕਿਹੈ ਕਿ ਭਾਰਤ,

ਦਹਿਸ਼ਤਗਰਦੀ ਅੱਗੇ ਨਹੀਂ ਝੁਕੇਗਾ ਤੇ ਇਸ ਘਿਨਾਉਣੇ ਹਮਲੇ ਦੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਅੱਜ ਤਿੰਨੋਂ ਫੌਜਾਂ ਦੇ ਉੱਚ ਅਧਿਕਾਰੀਆਂ ਨਾਲ ਕਸ਼ਮੀਰ ਵਾਦੀ ਵਿੱਚ ਸੁਰੱਖਿਆ ਸਥਿਤੀ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹੈ ਕਿ ਸਰਕਾਰ ਇਸ ਹਮਲੇ ਦੇ ਜ਼ਿੰਮੇਵਾਰ ਲੋਕਾਂ ਨੂੰ ਢੁਕਵਾਂ ਜਵਾਬ ਦੇਣ ਵਿੱਚ ਕੋਈ ਕਸਰ ਨਹੀਂ ਛੱਡੇਗੀ.
- ਪੰਜਾਬ ਦੇ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਨੇ ਇਸ ਹਮਲੇ ਦੀ ਨਿਖੇਧੀ ਕੀਤੀ ਏ, ਤੇ ਕਿਹਾ ਏ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਬਣਾਈ ਰੱਖਣਾ ਉਨ੍ਹਾਂ ਦੀ ਪਹਿਲੀ ਤਰਜੀਹ ਏ ।
- ਪਹਲਗਾਮ ਹਮਲੇ ਦੇ ਬਾਅਦ ਪੰਜਾਬ ਪੁਲਿਸ ਚੌਕਸੀ ‘ਤੇ ਏ।
- ਸੂਬੇ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ ਬੱਚਿਆਂ ਨੂੰ, ਨਸ਼ਿਆਂ ਵਿਰੁੱਧ ਲਾਮਬੰਦ ਹੋਕੇ, ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਅੱਗੇ ਆਉਣ ਦਾ ਸੱਦਾ ਦਿੱਤਾ ਏ।